ਬਸੰਤੁ ਮਹਲਾ ੩ ॥ ਬਸੰਤੁ ਚੜਿਆ ਫੂਲੀ ਬਨਰਾਇ ॥ ਏਹਿ ਜੀਅ ਜੰਤ ਫੂਲਹਿ ਹਰਿ ਚਿਤੁ ਲਾਇ ॥੧॥ ਇਨ ਬਿਧਿ ਇਹੁ ਮਨੁ ਹਰਿਆ ਹੋਇ ॥ ਹਰਿ ਹਰਿ ਨਾਮੁ ਜਪੈ ਦਿਨੁ ਰਾਤੀ ਗੁਰਮੁਖਿ ਹਉਮੈ ਕਢੈ ਧੋਇ ॥੧॥ ਰਹਾਉ ॥ ਸਤਿਗੁਰ ਬਾਣੀ ਸਬਦੁ ਸੁਣਾਏ ॥ ਇਹੁ ਜਗੁ ਹਰਿਆ ਸਤਿ ਗੁਰ ਭਾਏ ॥੨॥ ਫਲ ਫੂਲ ਲਾਗੇ ਜਾਂ ਆਪੇ ਲਾਏ ॥ ਮੂਲਿ ਲਗੈ ਤਾਂ ਸਤਿਗੁਰੁ ਪਾਏ ॥੩॥ ਆਪਿ ਬਸੰਤੁ ਜਗਤੁ ਸਭੁ ਵਾੜੀ ॥ ਨਾਨਕ ਪੂਰੈ ਭਾਗਿ ਭਗਤਿ ਨਿਰਾਲੀ ॥੪॥੫॥੧੭॥ {ਪੰਨਾ 1176-1177}

ਪਦਅਰਥ:- ਚੜਿਆ—ਸ਼ੁਰੂ ਹੁੰਦਾ ਹੈ। ਫੂਲੀ—ਖਿੜ ਪੈਂਦੀ ਹੈ। ਬਨਰਾਇ—ਬਨਸਪਤੀ। ਏਹਿ—{ਲਫ਼ਜ਼ 'ਏਹ' ਤੋਂ ਬਹੁ-ਵਚਨ'}। ਫੂਲਹਿ—ਪ੍ਰਫੁਲਤ ਹੁੰਦੇ ਹਨ, ਖਿੜ ਪੈਂਦੇ ਹਨ, ਆਤਮਕ ਜੀਵਨ ਵਾਲੇ ਹੋ ਜਾਂਦੇ ਹਨ। ਲਾਇ—ਲਾ ਕੇ, ਜੋੜ ਕੇ।1।

ਇਨ੍ ਬਿਧਿ—ਇਸ ਤਰੀਕੇ ਨਾਲ {ਅੱਖਰ 'ਨ' ਦੇ ਨਾਲ ਅੱਧਾ 'ਹ' ਹੈ}। ਹਰਿਆ—ਆਤਮਕ ਜੀਵਨ ਵਾਲਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਧੋਇ—ਧੋ ਕੇ।1। ਰਹਾਉ।

ਸਤਿਗੁਰ ਬਾਣੀ—ਗੁਰੂ ਦੀ ਬਾਣੀ। ਸੁਣਾਏ—(ਆਪਣੇ ਆਪ ਨੂੰ) ਸੁਣਾਂਦਾ ਹੈ। ਸਤਿਗੁਰ ਭਾਏ—ਸਤਿਗੁਰ ਭਾਇ, ਗੁਰੂ ਦੇ ਪਿਆਰ ਵਿਚ (ਟਿਕ ਕੇ)।2।

ਜਾ—ਜਦੋਂ। ਆਪੇ—ਪ੍ਰਭੂ ਆਪ ਹੀ। ਮੂਲਿ—ਜਗਤ ਦੇ ਮੁੱਢ ਵਿਚ। ਤਾਂ—ਤਦੋਂ ਹੀ।3।

ਸਭੁ—ਸਾਰਾ। ਵਾੜੀ—ਬਗੀਚਾ। ਪੂਰੈ ਭਾਗਿ—ਵੱਡੀ ਕਿਸਮਤ ਨਾਲ। ਨਿਰਾਲੀ—(ਮਾਇਆ ਦੇ ਮੋਹ ਤੋਂ) ਨਿਰਲੇਪ ਕਰਨ ਵਾਲੀ।4।

ਅਰਥ:- ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਆਪਣੇ ਅੰਦਰੋਂ) ਹਉਮੈ ਧੋ ਕੇ ਕੱਢ ਦੇਂਦਾ ਹੈ ਅਤੇ ਦਿਨ ਰਾਤ ਹਰ ਵੇਲੇ ਪਰਮਾਤਮਾ ਦਾ ਨਾਮ ਜਪਦਾ ਹੈ, ਇਸ ਤਰੀਕੇ ਨਾਲ (ਉਸ ਦਾ) ਇਹ ਮਨ ਆਤਮਕ ਜੀਵਨ ਨਾਲ ਭਰਪੂਰ ਹੋ ਜਾਂਦਾ ਹੈ।1। ਰਹਾਉ।

ਹੇ ਭਾਈ! (ਜਿਵੇਂ ਜਦੋਂ) ਬਸੰਤ ਦਾ ਮੌਸਮ ਸ਼ੁਰੂ ਹੁੰਦਾ ਹੈ ਤਦੋਂ ਸਾਰੀ ਬਨਸਪਤੀ ਖਿੜ ਪੈਂਦੀ ਹੈ (ਤਿਵੇਂ) ਇਹ ਸਾਰੇ ਜੀਵ ਪਰਮਾਤਮਾ ਵਿਚ ਚਿੱਤ ਜੋੜ ਕੇ ਆਤਮਕ ਜੀਵਨ ਨਾਲ ਖਿੜ ਪੈਂਦੇ ਹਨ।1।

ਹੇ ਭਾਈ! ਜਦੋਂ ਇਹ ਜਗਤ ਗੁਰੂ ਦੀ ਬਾਣੀ ਸੁਣਦਾ ਹੈ ਗੁਰੂ ਦਾ ਸ਼ਬਦ ਸੁਣਦਾ ਹੈ ਅਤੇ ਗੁਰੂ ਦੇ ਪਿਆਰ ਵਿਚ ਮਗਨ ਹੁੰਦਾ ਹੈ ਤਦੋਂ ਇਹ ਆਤਮਕ ਜੀਵਨ ਨਾਲ ਹਰਾ-ਭਰਾ ਹੋ ਜਾਂਦਾ ਹੈ।2।

ਹੇ ਭਾਈ! (ਜੀਵ ਦੇ ਆਪਣੇ ਵੱਸ ਦੀ ਗੱਲ ਨਹੀਂ ਹੈ। ਮਨੁੱਖਾ ਜੀਵਨ ਦੇ ਰੁੱਖ ਨੂੰ ਆਤਮਕ ਗੁਣਾਂ ਦੇ) ਫੁੱਲ ਫਲ (ਤਦੋਂ ਹੀ) ਲੱਗਦੇ ਜਦੋਂ ਪਰਮਾਤਮਾ ਆਪ ਹੀ ਲਾਂਦਾ ਹੈ। (ਜਦੋਂ ਪ੍ਰਭੂ ਦੀ ਮਿਹਰ ਨਾਲ ਮਨੁੱਖ ਨੂੰ) ਗੁਰੂ ਮਿਲਦਾ ਹੈ, ਤਦੋਂ ਮਨੁੱਖ ਸਾਰੇ ਜਗਤ ਦੇ ਸਿਰਜਣਹਾਰ ਵਿਚ ਜੁੜਦਾ ਹੈ।3।

ਹੇ ਭਾਈ! ਇਹ ਸਾਰਾ ਜਗਤ (ਪਰਮਾਤਮਾ ਦੀ) ਬਗੀਚੀ ਹੈ, (ਇਸ ਨੂੰ ਹਰਾ-ਭਰਾ ਕਰਨ ਵਾਲਾ) ਬਸੰਤ ਭੀ ਉਹ ਉਹ ਆਪ ਹੀ ਹੈ। ਹੇ ਨਾਨਕ! (ਮਾਇਆ ਦੇ ਮੋਹ ਤੋਂ) ਨਿਰਲੇਪ ਕਰਨ ਵਾਲੀ ਹਰਿ-ਭਗਤੀ ਵੱਡੀ ਕਿਸਮਤ ਨਾਲ ਹੀ (ਕਿਸੇ ਮਨੁੱਖ ਨੂੰ ਮਿਲਦੀ ਹੈ)।4। 17।